# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ :18-07-2026**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕੱਲ੍ਹ ਪੰਜਾਬ, ਹਰਿਆਣਾ ਅਤੇ ਚੰਡੀਗੜ੍ਹ ਵਿੱਚ ਲਗਭਗ 25 ਹਜ਼ਾਰ ਕਰੋੜ ਰੁਪਏ ਦੇ ਵਿਕਾਸ ਪ੍ਰੋਜੈਕਟਾਂ ਦਾ ਉਦਘਾਟਨ ਕੀਤਾ ਅਤੇ ਨੀਂਹ ਪੱਥਰ ਰੱਖਿਆ । ਸ਼੍ਰੀ ਮੋਦੀ ਨੇ ਜਲੰਧਰ ਵਿੱਚ, 5 ਹਜ਼ਾਰ 470 ਕਰੋੜ ਰੁਪਏ ਤੋਂ ਵੱਧ ਦੀ ਲਾਗਤ ਵਾਲੇ ਵੱਖ-ਵੱਖ ਰੇਲ ਅਤੇ ਸੜਕੀ ਬੁਨਿਆਦੀ ਢਾਂਚੇ ਦੇ ਪ੍ਰੋਜੈਕਟਾਂ ਦਾ ਉਦਘਾਟਨ ਕੀਤਾ ਅਤੇ ਨੀਂਹ ਪੱਥਰ ਰੱਖਿਆ । ਉਨਾਂ ਨਾਲ ਆਏ ਕੇਂਦਰੀ ਸੂਚਨਾ ਤੇ ਪ੍ਰਸਾਰਨ ਅਤੇ ਰੇਲ ਮੰਤਰੀ ਅਸ਼ਵਿਨੀ ਵੈਸ਼ਨਵ ਨੇ ਦੱਸਿਆ ਕਿ, ਕੇਂਦਰ ਸਰਕਾਰ ਪੰਜਾਬ ਵਿੱਚ ਕਈ ਵੱਡੇ ਰੇਲਵੇ ਪ੍ਰੋਜੈਕਟਾਂ 'ਤੇ ਕੰਮ ਕਰ ਰਹੀ ਏ। BYTE------------

------------------------------------------------------------------

ਅੱਜ ਪੰਜਾਬ ਵਿੱਚ ਕਰੀਬ 30 ਹਜ਼ਾਰ ਕਰੋੜ ਰੁਪਏ ਦੇ ਰੇਲਵੇ ਦੇ ਕੰਮ ਚੱਲ ਰਹੇ ਨੇ। 1,800 ਕਰੋੜ ਰੁਪਏ ਦੀ ਲਾਗਤ ਨਾਲ 30 ਸਟੇਸ਼ਨਾਂ ਨੂੰ ਮੁੜ-ਵਿਕਸਿਤ ਕੀਤਾ ਜਾ ਰਿਹਾ ਏ। 'ਅੰਮ੍ਰਿਤ ਭਾਰਤ ਸਟੇਸ਼ਨ

ਯੋਜਨਾ' ਤਹਿਤ ਜਲੰਧਰ ਕੈਂਟ, ਸ੍ਰੀ ਅਨੰਦਪੁਰ ਸਾਹਿਬ, ਸ੍ਰੀ ਮੁਕਤਸਰ ਸਾਹਿਬ ਅਤੇ ਮੋਹਾਲੀ ਸਟੇਸ਼ਨਾਂ ਦਾ ਉਦਘਾਟਨ ਪਹਿਲਾਂ ਹੀ ਕੀਤਾ ਜਾ ਚੁੱਕਾ ਏ। 12 ਵੰਦੇ ਭਾਰਤ ਤੇ ਚਾਰ ਅੰਮ੍ਰਿਤ ਭਾਰਤ ਰੇਲ ਸੇਵਾਵਾਂ ਚੱਲ ਰਹੀਆਂ ਨੇ, ਅਤੇ ਪੰਜਾਬ ਵਿੱਚ ਰੇਲਵੇ ਨੈੱਟਵਰਕ ਦਾ ਪੂਰੀ ਤਰ੍ਹਾਂ ਬਿਜਲੀਕਰਨ ਕੀਤਾ ਜਾ ਚੁੱਕਾ ਏ। ਇਸ ਮੌਕੇ ਪੰਜਾਬ ਬੀਜੇਪੀ ਦੇ ਪ੍ਰਧਾਨ ਕੇਵਲ ਸਿੰਘ ਢਿੱਲੋਂ ਨੇ ਪ੍ਰਧਾਨ ਮੰਤਰੀ ਦਾ ਸਮੁੱਚੇ ਪੰਜਾਬ ਵਲੋਂ ਧੰਨਵਾਦ ਕਰਦਿਆਂ ਕਿਹਾ ਕਿ, ਵਪਾਰਕ ਸਮਝੌਤੇ ਦੌਰਾਨ, ਪ੍ਰਧਾਨ ਮੰਤਰੀ ਵੱਲੋਂ ਕਣਕ ਅਤੇ ਦੁੱਧ ਨੂੰ ਸਮਝੌਤੇ ਤੋਂ ਬਾਹਰ ਰੱਖਿਆ ਗਿਆ ਏ । ਸ੍ਰੀ ਢਿੱਲੋਂ ਨੇ ਕਿਹਾ ਕਿ ਯੂਰਪੀਅਨ ਦੇਸ਼ਾਂ ਨਾਲ ਹੋਏ ਵਪਾਰਕ ਸਮਝੌਤੇ ਨਾਲ ਪੰਜਾਬ ਨੂੰ ਵੱਡਾ ਲਾਭ ਹੋਵੇਗਾ। ਉਹਨਾਂ ਕਿਹਾ ਕਿ ਪੰਜਾਬ ਦੇ ਲੁਧਿਆਣੇ ਦੀ ਹੌਜ਼ਰੀ ਤੇ ਸਾਈਕਲ, ਜਲੰਧਰ ਦੇ ਸਪੋਰਟਸ ਤੇ ਲੈਦਰ, ਬਟਾਲੇ ਦੀਆਂ ਮਸ਼ੀਨਾਂ ਅਤੇ ਪੰਜਾਬ ਦੇ ਕਿਸਾਨਾਂ ਦੀ ਬਾਸਮਤੀ, ਫ਼ਲ, ਅਤੇ ਸਬਜ਼ੀਆਂ ਬਿਨਾਂ ਕਿਸੇ ਟੈਰਿਫ ਦੇ 27 ਯੂਰਪੀਅਨ ਦੇਸ਼ਾਂ ਵਿੱਚ ਜਾ ਸਕਣਗੀਆਂ। ਸ੍ਰੀ ਢਿੱਲੋਂ ਨੇ ਕਿਹਾ ਕਿ ਪੰਜਾਬ ਦੇ ਕਿਸਾਨਾਂ ਨੂੰ ਕਣਕ ਅਤੇ ਝੋਨੇ ਉੱਪਰ ਐਮ.ਐਸ.ਪੀ ਦੇਣ ਦਾ ਕੰਮ ਮੋਦੀ ਸਰਕਾਰ ਹੀ ਕਰ ਰਹੀ ਏ। ਉਨ੍ਹਾਂ ਕਿਹਾ ਕਿ, 2027 ਦੌਰਾਨ, ਪ੍ਰਧਾਨ ਮੰਤਰੀ ਦੀ ਅਗਵਾਈ ਵਿੱਚ ਪੰਜਾਬ ਵਿੱਚ ਮਹਾਰਾਜਾ ਰਣਜੀਤ ਸਿੰਘ ਦੀ ਸਰਕਾਰ-ਏ-ਖਾਲਸਾ ਵਰਗੀ ਬੀਜੇਪੀ ਸਰਕਾਰ ਬਣਾਵਾਂਗੇ ਅਤੇ ਪੰਜਾਬ 'ਚੋਂ ਨਸ਼ਾ, ਗੈਂਗਸਟਰਵਾਦ

ਅਤੇ ਬੇਰੁਜ਼ਗਾਰੀ ਨੂੰ ਖ਼ਤਮ ਕਰਕੇ, ਪੰਜਾਬ ਦੀ ਆਨ-ਬਾਨ ਅਤੇ ਸ਼ਾਨ ਬਹਾਲ ਕਰਾਂਗੇ।

---------------------------------------------------------------------------

ਹੁਸ਼ਿਆਰਪੁਰ ਪੁਲਿਸ ਨੇ ਅਮਰੀਕਾ ਵਿੱਚ ਇੱਕ ਭਾਰਤੀ ਮੂਲ ਦੇ ਪਰਿਵਾਰ ਤੋਂ ਫਿਰੋਤੀ ਮੰਗਣ ਦੇ ਮਾਮਲੇ ਵਿਚ ਦੋਸ਼ੀ ਪਾਏ ਗਏ ਟਾਂਡਾ ਪੁਲਿਸ ਥਾਣੇ ਦੇ ਸਾਬਕਾ ਐਸ.ਐਚ.ਓ. ਇੰਸਪੈਕਟਰ ਗੁਰਿੰਦਰਜੀਤ ਸਿੰਘ ਨਾਗਰਾ ਨੂੰ ਗ੍ਰਿਫ਼ਤਾਰ ਕਰ ਲਿਆ ਏ । ਉਸ ਨੂੰ ਮੁਅੱਤਲ ਕਰ ਦਿੱਤਾ ਗਿਆ ਏ ਤੇ ਢੁਕਵੀਂ ਵਿਭਾਗੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਏ । ਅਮਰੀਕਾ ਦੀ ਫੈਡਰਲ ਜਾਂਚ ਏਜੰਸੀ (ਐਫਬੀਆਈ) ਨੇ 7 ਫਰਵਰੀ ਨੂੰ ਇੱਕ ਕਥਿਤ ਅੰਤਰਰਾਸ਼ਟਰੀ ਫਿਰੋਤੀ ਰੈਕੇਟ ਦੇ ਸਬੰਧ ਵਿੱਚ ਨਾਗਰਾ ਦਾ ਨਾਂ ਲਿਆ ਸੀ। ਡੀ.ਆਈ.ਜੀ. ਜਲੰਧਰ ਰੇਂਜ ਅਨੁਸਾਰ, ਜਾਂਚ ਦੌਰਾਨ ਕਾਫ਼ੀ ਸਬੂਤ ਰਿਕਾਰਡ 'ਤੇ ਆ ਗਏ ਨੇ , ਜੋ ਇੰਸਪੈਕਟਰ ਗੁਰਿੰਦਰਜੀਤ ਨਾਗਰਾ ਨੂੰ ਅਮਰੀਕਾ ਸਥਿਤ ਇੱਕ ਪਰਿਵਾਰ ਤੋਂ ਮੰਗ, ਫਿਰੋਤੀ ਅਤੇ ਗੈਰ-ਕਾਨੂੰਨੀ ਰਿਸ਼ਵਤ ਨਾਲ ਜੋੜਦੇ ਨੇ । ਉਹ ਅਮਰੀਕਾ ਸਥਿਤ ਪਰਿਵਾਰ ਤੋਂ 16 ਲੱਖ ਰੁਪਏ ਗੈਰ-ਕਾਨੂੰਨੀ ਰਿਸ਼ਵਤ ਵਜੋਂ ਵਸੂਲਣ ਵਿੱਚ ਸ਼ਾਮਲ ਪਾਇਆ ਗਿਆ ਏ, ਜਿਸ ਤੋਂ ਬਾਅਦ, ਉਸ ਨੂੰ 17 ਜੁਲਾਈ ਨੂੰ ਗ੍ਰਿਫ਼ਤਾਰ ਕੀਤਾ ਗਿਆ ਤੇ ਅੱਜ

ਸਬੰਧਤ ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ ਤੇ ਪੂਰੀ ਸਾਜ਼ਿਸ਼ ਦਾ ਹੋਰ ਖੁਲਾਸਾ ਕਰਨ ਲਈ ਪੁਲਿਸ ਰਿਮਾਂਡ ਲਿਆ ਜਾਵੇਗਾ।

-----------------------------------------------------------------------------

ਸੂਬੇ ਭਰ ਵਿੱਚ ਵਿਸ਼ੇਸ਼ ਤੀਬਰ ਸੋਧ (ਐਸ.ਆਈ.ਆਰ) ਦਾ ਘਰ-ਘਰ ਗਣਨਾ ਗੇੜ੍ਹ 3 ਅਗਸਤ ਤੱਕ ਜਾਰੀ ਰਹੇਗਾ। ਇਸ ਪ੍ਰਕਿਰਿਆ ਨੂੰ ਹੋਰ ਸੁਚਾਰੂ ਬਣਾਉਣ ਲਈ ਸੂਬੇ ਦੇ ਸਾਰੇ ਪੋਲਿੰਗ ਬੂਥਾਂ ’ਤੇ 19 ਜੁਲਾਈ (ਐਤਵਾਰ) ਨੂੰ ਸਵੇਰੇ 8 ਤੋਂ ਦੁਪਹਿਰ 2 ਵਜੇ ਤੱਕ ਇੱਕ ਰੋਜ਼ਾ ਵਿਸ਼ੇਸ਼ ਕੈਂਪ ਲਗਾਇਆ ਜਾ ਰਿਹਾ ਏ, ਜਿਸ ਨਾਲ ਵੋਟਰਾਂ ਨੂੰ ਆਪਣੇ ਗਣਨਾ ਫਾਰਮ ਭਰਨ ਅਤੇ ਜਮ੍ਹਾਂ ਕਰਵਾਉਣ ਦੀ ਸਹੂਲਤ ਮਿਲੇਗੀ। ਪੰਜਾਬ ਦੇ ਮੁੱਖ ਚੋਣ ਅਫ਼ਸਰ ਅਨਿੰਦਿਤਾ ਮਿਤਰਾ, ਨੇ ਵੋਟਰਾਂ ਨੂੰ ਅਪੀਲ ਕੀਤੀ ਏ ਕਿ ਜੇਕਰ ਉਹਨਾਂ ਅਜੇ ਤੱਕ ਆਪਣਾ ਗਣਨਾ ਫਾਰਮ ਨਹੀਂ ਭਰਿਆ ਤਾਂ ਤੁਰੰਤ ਆਪਣੇ ਬੂਥ ਲੈਵਲ ਅਫ਼ਸਰ ਨਾਲ ਸੰਪਰਕ ਕਰਨ ਜਾਂ ਇਸ ਵਿਸ਼ੇਸ਼ ਕੈਂਪ ਦੌਰਾਨ ਆਪਣੇ ਨਜ਼ਦੀਕੀ ਪੋਲਿੰਗ ਬੂਥ ’ਤੇ ਜਾਣ। ਹਰੇਕ ਯੋਗ ਵੋਟਰ ਦਾ ਨਾਮ 13 ਅਗਸਤ ਨੂੰ ਪ੍ਰਕਾਸ਼ਿਤ ਹੋਣ ਵਾਲੀ ਮੁੱਢਲੀ ਵੋਟਰ ਸੂਚੀ ਵਿੱਚ ਸ਼ਾਮਲ ਹੋਣਾ ਯਕੀਨੀ ਬਣਾਉਣ ਲਈ ਨਾਗਰਿਕਾਂ ਦੀ ਸਰਗਰਮ ਭਾਗੀਦਾਰੀ ਬਹੁਤ ਜ਼ਰੂਰੀ ਏ। ਉਨ੍ਹਾਂ ਕਿਹਾ ਕਿ ਬੂਥ ਲੈਵਲ

ਅਫ਼ਸਰ  ਵੋਟਰਾਂ ਦੀ ਇਸ ਪ੍ਰਕਿਰਿਆ ਵਿੱਚ ਸਹਾਇਤਾ ਲਈ ਸਾਰੇ ਨਿਰਧਾਰਤ ਪੋਲਿੰਗ ਬੂਥਾਂ ’ਤੇ ਮੌਜੂਦ ਰਹਿਣਗੇ।

-------------------------------------------------------------------------------

ਕਪੂਰਥਲਾ ਦੇ ਡਿਪਟੀ ਕਮਿਸ਼ਨਰ ਅਕਾਸ਼ ਬਾਂਸਲ ਨੇ ਨਗਰ ਨਿਗਮ ਦੇ ਪ੍ਰਬੰਧਕ ਵਜੋਂ ਵਾਧੂ ਚਾਰਜ ਸੰਭਾਲ ਲਿਆ ਏ । ਚਾਰਜ ਲੈਣ ਉਪਰੰਤ ਉਨ੍ਹਾਂ ਨਿਗਮ ਅਧਿਕਾਰੀਆਂ ਨਾਲ ਫੌਰੀ ਮੀਟਿੰਗ ਕੀਤੀ ਤੇ ਸ਼ਹਿਰ ਵਿੱਚ ਚੱਲ ਰਹੇ ਵੱਖ-ਵੱਖ ਵਿਕਾਸ ਕਾਰਜਾਂ ਦਾ ਜਾਇਜ਼ਾ ਲਿਆ । ਡਿਪਟੀ ਕਮਿਸ਼ਨਰ ਨੇ ਸਪੱਸ਼ਟ ਕੀਤਾ ਕਿ ਲੋਕਾਂ ਨੂੰ ਪ੍ਰਸ਼ਾਸਨਿਕ ਕੰਮਾਂ ਵਿੱਚ ਕੋਈ ਦਿੱਕਤ ਨਹੀਂ ਆਉਣ ਦਿੱਤੀ ਜਾਵੇਗੀ । ਉਨ੍ਹਾਂ ਸ਼ਹਿਰ ਵਾਸੀਆਂ ਨੂੰ ਅਪੀਲ ਕੀਤੀ ਕਿ ਸੜਕਾਂ ਦੇ ਖੱਡਿਆਂ ਜਾਂ ਹੋਰ ਜਨਤਕ ਸਮੱਸਿਆਵਾਂ ਸਬੰਧੀ ਕਿਸੇ ਵੀ ਸ਼ਿਕਾਇਤ ਲਈ ਜ਼ਿਲ੍ਹਾ ਪ੍ਰਸ਼ਾਸਨ ਦੇ ਹੈਲਪਲਾਈਨ ਨੰਬਰ 'ਤੇ ਸੰਪਰਕ ਕੀਤਾ ਜਾਵੇ ਤਾਂ ਜੋ ਸਮੇਂ ਸਿਰ ਹੱਲ ਯਕੀਨੀ ਬਣਾਇਆ ਜਾ ਸਕੇ ।